# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ :19-01-2026**

ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਾਂਗਰਸ ਪਾਰਟੀ 'ਤੇ ਵਿਕਸਿਤ ਭਾਰਤ ਜੀ ਰਾਮ ਜੀ ਐਕਟ 'ਤੇ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲਜ਼ਾਮ ਲਗਾਇਆ ਏ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼੍ਰੀ ਚੌਹਾਨ ਨੇ ਕਿਹਾ, ਮਨਰੇਗਾ ਤਹਿਤ, ਕਾਂਗਰਸ ਦੁਆਰਾ ਦਿੱਤੇ ਗਏ ਅਧਿਕਾਰ ਸਿਰਫ ਕਾਗਜ਼ਾਂ 'ਤੇ ਸਨ। ਉਨ੍ਹਾਂ ਕਿਹਾ, ਕਾਂਗਰਸ ਨੇ ਆਪਣੇ ਵਿਚਾਰਾਂ, ਵਿਚਾਰਧਾਰਾ ਤੇ ਆਦਰਸ਼ਾਂ ਨੂੰ ਤਿਆਗ ਦਿੱਤਾ ਏ ਤੇ ਇਸ ਦਾ ਦੇਸ਼ ਦੇ ਵਿਕਾਸ ਜਾਂ ਗਰੀਬਾਂ ਦੀ ਭਲਾਈ ਨਾਲ ਕੋਈ ਲੈਣਾ-ਦੇਣਾ ਨਹੀਂ। ਸ਼੍ਰੀ ਚੌਹਾਨ ਨੇ ਕਿਹਾ, ਇਹ ਐਕਟ ਹਰੇਕ ਪੇਂਡੂ ਘਰ ਨੂੰ ਪਹਿਲਾਂ ਦੇ 100 ਦਿਨਾਂ ਦੇ ਰੁਜ਼ਗਾਰ ਤੋਂ ਘੱਟੋ-ਘੱਟ 125 ਦਿਨਾਂ ਦੀ ਮਜ਼ਦੂਰੀ ਰੁਜ਼ਗਾਰ ਦੀ ਗਰੰਟੀ ਦਿੰਦਾ ਏ। ਮੰਤਰੀ ਨੇ

ਕਿਹਾ, ਮਨਰੇਗਾ ਤਹਿਤ ਦਸ ਕਰੋੜ ਸੰਪਤੀਆਂ ਬਣਾਈਆਂ ਗਈਆਂ ਸਨ, ਜਿਨ੍ਹਾਂ ਵਿੱਚੋਂ ਸਾਢੇ 8 ਕਰੋੜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਬਣਾਈਆਂ ਗਈਆਂ ਨੇ । ਸ਼੍ਰੀ ਚੌਹਾਨ ਨੇ ਕਿਹਾ ਕਿ ਮੋਦੀ ਸਰਕਾਰ ਅਧੀਨ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਏ । **Byte------**

ਮੰਤਰੀ ਨੇ ਕਿਹਾ ਕਿ ਐਕਟ ਵਿੱਚ ਐਸ.ਸੀ., ਐਸ.ਟੀ., ਔਰਤਾਂ, ਅਪਾਹਜਾਂ ਤੇ ਗਰੀਬਾਂ ਨੂੰ ਤਰਜੀਹ ਦਿੱਤੀ ਗਈ ਏ । ਸ਼੍ਰੀ ਚੌਹਾਨ ਨੇ ਇਹ ਵੀ ਦੱਸਿਆ ਕਿ ਜੇਕਰ ਨਿਰਧਾਰਤ ਸਮੇਂ ਦੇ ਅੰਦਰ ਕੰਮ ਨਹੀਂ ਦਿੱਤਾ ਜਾਂਦਾ ਤਾਂ ਨਵੇਂ ਐਕਟ ਵਿੱਚ ਬੇਰੁਜ਼ਗਾਰੀ ਭੱਤੇ ਦਾ ਪ੍ਰਬੰਧ ਏ ।

**----------------------------------------------------------------------------------------**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਹਲਕੇ ਦੇ ਪਿੰਡ ਬੀੜ ਚਹਿਲ ਵਿਖੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸਰਧਾਲੂਆਂ ਦੀ ਬੱਸ ਨੂੰ ਅੰਮ੍ਰਿਤਸਰ ਤੇ ਆਸ ਪਾਸ ਦੇ ਇਲਾਕਿਆਂ ਦੇ ਪ੍ਰਸਿੱਧ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ । ਇਸ ਮੌਕੇ ਸ. ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸਰਕਾਰ ਦੀ ਇੱਕ

ਮਹੱਤਵਪੂਰਨ ਪਹਿਲ ਏ, ਜਿਸ ਦਾ ਉਦੇਸ਼ ਸਰਧਾਲੂਆਂ ਨੂੰ ਮੁਫ਼ਤ ਤੇ ਸੁਵਿਧਾਜਨਕ ਤੀਰਥ ਯਾਤਰਾ ਦੀ ਸਹੂਲਤ ਮੁਹੱਈਆ ਕਰਵਾਉਣਾ ਏ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਵੱਡੀ ਗਿਣਤੀ ਵਿੱਚ ਲੋਕ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਕੇ ਆਤਮਕ ਸ਼ਾਂਤੀ ਪ੍ਰਾਪਤ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ, ਦੁਗਿਆਣਾ ਮੰਦਰ ਤੋਂ ਇਲਾਵਾ ਹੋਰ ਤੀਰਥ ਸਥਾਨਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਸਰਧਾਲੂ ਬਿਲਕੁਲ ਮੁਫਤ ਵਿੱਚ ਤੀਰਥ ਯਾਤਰਾ ਕਰਨਗੇ ਅਤੇ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਇਸੇ ਤਰ੍ਹਾਂ ਹਲਕਾ ਫਰੀਦਕੋਟ ਦੇ ਪਿੰਡ ਭਾਗਥਲਾ ਖੁਰਦ ਅਤੇ ਹਲਕਾ ਜੈਤੋ ਦੇ ਪਿੰਡ ਘਣੀਏਵਾਲਾ ਤੋਂ ਮੁੱਖ ਮੰਤਰੀ ਤੀਰਥ ਯੋਜਨਾ ਤਹਿਤ ਸ਼ਰਧਾਲੂਆਂ ਦੀਆਂ ਬੱਸਾਂ ਰਵਾਨਾ ਹੋਈਆਂ।

--------------------------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਇਕ ਮਾਮਲੇ ਵਿਚ ਕਾਰਵਾਈ ਨਾ ਕਰਨ 'ਤੇ ਸ਼ਹੀਦ ਭਗਤ ਸਿੰਘ ਨਗਰ ਐਸ.ਪੀ.(ਡੀ) ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਲਈ ਤਲਬ ਕੀਤਾ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ

ਦੱਸਿਆ ਕਿ ਕਮਿਸ਼ਨ ਨੂੰ ਸ੍ਰੀ ਧਰਮ ਚੰਦ ਪੁੱਤਰ ਕਰਤਾ ਰਾਮ ਪਿੰਡ ਝੂੰਗੀਆਂ ਤਹਿ. ਬਲਾਚੌਰ, ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਸ਼ਿਕਾਇਤ ਪ੍ਰਾਪਤ ਹੋਈ ਸੀ। ਜਿਸ ਸਬੰਧੀ ਜ਼ਿਲ੍ਹਾ ਪੁਲਿਸ ਸ਼ਹੀਦ ਭਗਤ ਸਿੰਘ ਨਗਰ ਤੋਂ ਪੜਤਾਲ 'ਕਰਵਾਕੇ ਰਿਪੋਰਟ ਕਮਿਸ਼ਨ ਕੋਲ ਪੇਸ਼ ਕਰਨ ਲਈ ਕਿਹਾ ਗਿਆ ਸੀ, ਪਰ ਪੁਲਿਸ ਵਿਭਾਗ ਦਾ ਕੋਈ ਵੀ ਨੁਮਾਇੰਦਾ ਹਾਜਰ ਨਹੀਂ ਹੋਇਆ, ਇਸ ਲਈ ਕਮਿਸ਼ਨ ਨੇ ਇਕਬਾਲ ਸਿੰਘ (ਐਸ.ਪੀ. (ਡੀ)) ਨੂੰ ਕੋਈ ਕਾਨੂੰਨੀ ਕਾਰਵਾਈ ਨਾਂ ਹੋਣ ਕਾਰਨ ਕਮਿਸ਼ਨ ਦਫਤਰ ਵਿਖੇ ਨਿੱਜੀ ਤੌਰ ਤੇ ਹਾਜਰ ਹੋਣ ਲਈ ਤਲਬ ਕੀਤਾ ਏ।

---

ਨਸ਼ਾ ਵਿਰੋਧੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਪੰਜਾਬ ਪੁਲਿਸ ਨੇ 333 ਥਾਵਾਂ 'ਤੇ ਛਾਪੇਮਾਰੀ ਕਰਦਿਆਂ ਸੂਬੇ ਭਰ ਵਿੱਚ 122 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 97 ਐਫਆਈਆਰਜ਼ ਦਰਜ ਕੀਤੀਆਂ ਨੇ । ਇਸ ਦੇ ਨਾਲ ਮੁਹਿੰਮ ਸ਼ੁਰੂ ਹੋਣ ਦੇ 323 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ

ਨਸ਼ਾ ਤਸਕਰਾਂ ਦੀ ਗਿਣਤੀ ਹੁਣ 45,259 ਹੋ ਗਈ ਏ। ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 440 ਗ੍ਰਾਮ ਹੈਰੋਇਨ, 340 ਗ੍ਰਾਮ ਅਫੀਮ, 3 ਕਿਲੋ ਭੁੱਕੀ, 1781 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 8106 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਏ । 67 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 333 ਥਾਵਾਂ ’ਤੇ ਛਾਪੇਮਾਰੀ ਕੀਤੀ। ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 361 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਏ।

---

ਜ਼ੀਰਕਪੁਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦੌਲਤ ਸਿੰਘ ਵਾਲਾ ਵਿੱਚ ਟ੍ਰੈਫਿਕ ਜਾਗਰੂਕਤਾ ਪ੍ਰੋਗਰਾਮ ਦੌਰਾਨ ਮੁਹਾਲੀ ਦੇ ਡੀ.ਐਸ.ਪੀ. ਟ੍ਰੈਫਿਕ ਕਰਨੈਲ ਸਿੰਘ ਤੇ ਟ੍ਰੈਫਿਕ ਇੰਚਾਰਜ ਇੰਸਪੈਕਟਰ ਮਨਫੂਲ ਸਿੰਘ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਤੇ ਆਪਣੇ ਪਰਿਵਾਰ ਤੇ ਸਮਾਜ ਵਿੱਚ ਟ੍ਰੈਫਿਕ

ਨਿਯਮਾਂ ਦੀ ਪਾਲਣਾ ਲਈ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਦਸਿਆ ਕਿ ਜੇਕਰ ਬਿਨਾਂ ਲਾਇਸੈਂਸ ਨਾਬਾਲਗ ਬੱਚਾ ਕਿਸੇ ਵਾਹਨ ਨੂੰ ਚਲਾਉਂਦਾ ਫੜਿਆ ਜਾਂਦਾ ਏ ਤਾਂ ਉਸ ਨੂੰ 25000 ਜੁਰਮਾਨਾ ਤੇ ਮਾਪਿਆਂ ਨੂੰ ਤਿੰਨ ਸਾਲ ਕੈਦ ਦੀ ਸਜ਼ਾ ਹੋ ਸਕਦੀ ਏ । ਇਸ ਲਈ ਮਾਪੇ ਆਪਣੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਸੇ ਵੀ ਉਲੰਘਣਾ ਕਰਨ ਤੋਂ ਬਚਾ ਸਕਦੇ ਨੇ ।